ਸੋਰਠਿ ਮਹਲਾ ੫ ॥ ਸਿਮਰਿ ਸਿਮਰਿ ਪ੍ਰਭ ਭਏ ਅਨੰਦਾ ਦੁਖ ਕਲੇਸ ਸਭਿ ਨਾਠੇ ॥ ਗੁਨ ਗਾਵਤ ਧਿਆਵਤ ਪ੍ਰਭੁ ਅਪਨਾ ਕਾਰਜ ਸਗਲੇ ਸਾਂਠੇ ॥ ੧॥ ਜਗਜੀਵਨ ਨਾਮੁ ਤੁਮਾਰਾ ॥ ਗੁਰ ਪੂਰੇ ਦੀਓ ਉਪਦੇਸਾ ਜਪਿ ਭਉਜਲੁ ਪਾਰਿ ਉਤਾਰਾ ॥ ਰਹਾਉ ॥ ਤੂਹੈ ਮੰਤ੍ਰੀ ਸੁਨਹਿ ਪ੍ਰਭ ਤੂਹੈ ਸਭੁ ਕਿਛੁ ਕਰਣੈਹਾਰਾ ॥ ਤੂ ਆਪੇ ਦਾਤਾ ਆਪੇ ਭੁਗਤਾ ਕਿਆ ਇਹੁ ਜੰਤੁ ਵਿਚਾਰਾ ॥ ੨॥ ਕਿਆ ਗੁਣ ਤੇਰੇ ਆਖਿ ਵਖਾਣੀ ਕੀਮਤਿ ਕਹਣੁ ਨ ਜਾਈ ॥ ਪੇਖਿ ਪੇਖਿ ਜੀਵੈ ਪ੍ਰਭੁ ਅਪਨਾ ਅਚਰਜੁ ਤੁਮਹਿ ਵਡਾਈ ॥੩॥ ਧਾਰਿ ਅਨੁਗ੍ਰਹੁ ਆਪਿ ਪ੍ਰਭ ਸ੍ਵਾਮੀ ਪਤਿ ਮਤਿ ਕੀਨੀ ਪੂਰੀ ॥ ਸਦਾ ਸਦਾ ਨਾਨਕ ਬਲਿਹਾਰੀ ਬਾਛਉ ਸੰਤਾ ਧੂਰੀ ॥੪॥੧੩॥੬੩॥ {ਪੰਨਾ 625}

ਪਦਅਰਥ:- ਸਿਮਰਿ ਸਿਮਰਿ—ਮੁੜ ਮੁੜ ਸਿਮਰ ਕੇ। ਕਲੇਸ—ਝਗੜੇ। ਸਭਿ—ਸਾਰੇ। ਸਾਂਠੇ—ਸਾਧ ਲਏ। ਸਗਲੇ—ਸਾਰੇ।1।

ਜਗ ਜੀਵਨ—ਜਗਤ (ਦੇ ਜੀਵਾਂ) ਨੂੰ ਆਤਮਕ ਜੀਵਨ ਦੇਣ ਵਾਲਾ। ਜਪਿ—ਜਪ ਕੇ। ਭਉਜਲੁ—ਸੰਸਾਰ-ਸਮੁੰਦਰ। ਰਹਾਉ।

ਮੰਤ੍ਰੀ—ਸਲਾਹਕਾਰ। ਸੁਨਹਿ—ਤੂੰ ਸੁਣਦਾ ਹੈਂ। ਕਰਣੈਹਾਰਾ—ਕਰ ਸਕਣ ਦੀ ਸਮਰਥਾ ਵਾਲਾ। ਆਪੇ—ਆਪ ਹੀ। ਭੁਗਤਾ—ਭੋਗਣ ਵਾਲਾ। ਕਿਆ ਵਿਚਾਰਾ—ਕੋਈ ਪਾਂਇਆਂ ਨਹੀਂ।2।

ਵਖਾਣੀ—ਵਖਾਣੀਂ, ਮੈਂ ਬਿਆਨ ਕਰਾਂ। ਪੇਖਿ—ਵੇਖ ਕੇ। ਜੀਵੈ—ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ। ਤੁਮਹਿ—ਤੇਰੀ। ਵਡਾਈ—ਵਡੱਪਣ।3।

ਅਨੁਗ੍ਰਹੁ—ਕਿਰਪਾ। ਧਾਰਿ—ਕਰ ਕੇ। ਪ੍ਰਭ—ਹੇ ਪ੍ਰਭੂ। ਪਤਿ—ਇੱਜ਼ਤ। ਮਤਿ—ਅਕਲ। ਬਲਿਹਾਰੀ—ਸਦਕੇ। ਬਾਛਹੁ—ਬਾਛਉਂ, ਮੈਂ ਚਾਹੁੰਦਾ ਹਾਂ। ਧੂਰੀ—ਚਰਨ-ਧੂੜ।4।

ਅਰਥ:- ਹੇ ਪ੍ਰਭੂ! ਤੇਰਾ ਨਾਮ ਜਗਤ (ਦੇ ਜੀਵਾਂ) ਨੂੰ ਆਤਮਕ ਜੀਵਨ ਦੇਣ ਵਾਲਾ ਹੈ। ਪੂਰੇ ਸਤਿਗੁਰੂ ਨੇ (ਜਿਸ ਮਨੁੱਖ ਨੂੰ ਤੇਰਾ ਨਾਮ ਸਿਮਰਨ ਦਾ) ਉਪਦੇਸ਼ ਦਿੱਤਾ, (ਉਹ ਮਨੁੱਖ) ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ। ਰਹਾਉ।

ਹੇ ਪ੍ਰਭੂ! ਤੇਰਾ ਨਾਮ ਸਿਮਰ ਸਿਮਰ ਕੇ (ਸਿਮਰਨ ਕਰਨ ਵਾਲੇ ਮਨੁੱਖ) ਪ੍ਰਸੰਨਚਿੱਤ ਹੋ ਜਾਂਦੇ ਹਨ, (ਉਹਨਾਂ ਦੇ ਅੰਦਰੋਂ) ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ। (ਹੇ ਭਾਈ! ਵਡ-ਭਾਗੀ ਮਨੁੱਖ) ਆਪਣੇ ਪ੍ਰਭੂ ਦੇ ਗੁਣ ਗਾਂਦਿਆਂ ਅਤੇ ਉਸ ਦਾ ਧਿਆਨ ਧਰਦਿਆਂ ਆਪਣੇ ਸਾਰੇ ਕੰਮ ਸਵਾਰ ਲੈਂਦੇ ਹਨ।1।

ਹੇ ਪ੍ਰਭੂ! ਤੂੰ ਆਪ ਹੀ ਆਪਣਾ ਸਲਾਹਕਾਰ ਹੈਂ, ਤੂੰ ਆਪ ਹੀ (ਹਰੇਕ ਜੀਵ ਨੂੰ) ਦਾਤਾਂ ਦੇਣ ਵਾਲਾ ਹੈਂ, ਤੂੰ ਆਪ ਹੀ (ਹਰੇਕ ਜੀਵ ਵਿਚ ਬੈਠਾ ਪਦਾਰਥਾਂ ਨੂੰ) ਭੋਗਣ ਵਾਲਾ ਹੈਂ। ਇਸ ਜੀਵ ਦੀ ਕੋਈ ਪਾਂਇਆਂ ਨਹੀਂ ਹੈ।2।

ਹੇ ਪ੍ਰਭੂ! ਮੈਂ ਤੇਰੇ ਗੁਣ ਆਖ ਕੇ ਬਿਆਨ ਕਰਨ ਜੋਗਾ ਨਹੀਂ ਹਾਂ। ਤੇਰੀ ਕਦਰ-ਕੀਮਤ ਦੱਸੀ ਨਹੀਂ ਜਾ ਸਕਦੀ। ਤੇਰਾ ਵਡੱਪਣ ਹੈਰਾਨ ਕਰ ਦੇਣ ਵਾਲਾ ਹੈ। (ਹੇ ਭਾਈ! ਮਨੁੱਖ) ਆਪਣੇ ਪ੍ਰਭੂ ਦਾ ਦਰਸ਼ਨ ਕਰ ਕਰ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ।3।

ਹੇ ਪ੍ਰਭੂ! ਹੇ ਸੁਆਮੀ! ਤੂੰ ਆਪ ਹੀ (ਜੀਵ ਉਤੇ) ਕਿਰਪਾ ਕਰ ਕੇ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਬਖ਼ਸ਼ਦਾ ਹੈਂ, ਉਸ ਨੂੰ ਪੂਰੀ ਅਕਲ ਦੇ ਦੇਂਦਾ ਹੈਂ। ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਸਦਾ ਹੀ ਤੈਥੋਂ ਕੁਰਬਾਨ ਜਾਂਦਾ ਹਾਂ। ਮੈਂ (ਤੇਰੇ ਦਰ ਤੋਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ।4।13। 63।